ਆਕਾਸ਼ਵਾਣੀ ਜਲੰਧਰ

ਰਾਸ਼ਟਰੀ ਖਬਰਾਂ ਪੰਜਾਬੀ

13:40

ਮਿਤੀ: 08-11-2026

ਪਹਿਲਾਂ ਇਸ ਬੁਲੇਟਿਨ ਦੀਆਂ ਖ਼ਾਸ ਖ਼ਬਰਾਂ-

- ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਛੱਤੀਸਗੜ੍ਹ ਦੇ ਬਸਤਰ 'ਚ ਸੁਰੱਖਿਆ ਬਲਾਂ ਨਾਲ ਦਿਵਾਲੀ ਮਨਾਈ ਅਤੇ ਉਨ੍ਹਾਂ ਨੂੰ ਆਪਣੇ ਪਰਿਵਾਰ ਦੇ ਮੈਂਬਰ ਦੱਸਿਆ।
- ਪੰਜਾਬ ਸਮੇਤ ਦੇਸ਼ ਭਰ ਵਿੱਚ ਰੋਸ਼ਨੀ ਦਾ ਤਿਉਹਾਰ ਦਿਵਾਲੀ ਅਤੇ ਬੰਦੀ ਛੋੜ ਦਿਵਸ ਅੱਜ ਪੂਰੀ ਧਾਰਮਿਕ ਸ਼ਰਧਾ ਅਤੇ ਉਤਸ਼ਾਹ ਨਾਲ ਮਨਾਏ ਜਾ ਰਹੇ ਨੇ।
- ਰੱਖਿਆ ਮੰਤਰੀ ਰਾਜਨਾਥ ਸਿੰਘ ਨੇ ਸਿੱਕਮ ਦੇ ਨਾਥੁਲਾ ਨੇੜੇ ਸ਼ੇਰਥਾਂਗ ਜੰਗੀ ਯਾਰਗਾਰ 'ਚ ਫ਼ੌਜੀਆਂ ਨੂੰ ਸੰਬੋਧਨ ਕੀਤਾ।
- ਅਮਰੀਕਾ ਨੇ ਈਰਾਨ ਨੂੰ ਅੱਤ ਆਧੁਨਿਕ ਹਥਿਆਰਾਂ ਦੀ ਸਪਲਾਈ ਰੋਕਣ ਲਈ ਨਵੀਂ ਟਾਸਕ ਫੋਰਸ ਬਣਾਈ ਅਤੇ
- ਮਰਦਾਂ ਦੀ ਕ੍ਰਿਕੇਟ ਵਿੱਚ ਭਾਰਤ ਤੇ ਪਾਕਿਸਤਾਨ ਵਿਚਕਾਰ ਏਸੀਸੀ ਅੰਡਰ 19 ਏਸ਼ੀਆ ਕੱਪ ਦੇ ਗਰੁੱਪ ਏ ਦਾ ਮੈਚ ਜਾਰੀ ਏ।

ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਛੱਤੀਸਗੜ੍ਹ ਦੇ ਬਸਤਰ 'ਚ ਸੁਰੱਖਿਆ ਬਲਾਂ ਨਾਲ ਦਿਵਾਲੀ ਮਨਾਈ ਏ। ਇਸ ਮੌਕੇ ਉਨ੍ਹਾਂ ਕਿਹਾ ਕਿ ਦੇਸ਼ ਅਤੇ ਵਿਦੇਸ਼ਾਂ ਵਿੱਚ ਕਰੋੜਾਂ ਭਾਰਤੀ ਖ਼ੁਸ਼ੀ ਅਤੇ ਉਤਸ਼ਾਹ ਨਾਲ ਰੌਸ਼ਨੀਆਂ ਦਾ ਤਿਉਹਾਰ ਮਨਾ ਰਹੇ ਨੇ। ਜਵਾਨਾਂ ਨੂੰ ਸੰਬੋਧਨ ਕਰਦਿਆਂ ਪ੍ਰਧਾਨ ਮੰਤਰੀ ਨੇ ਕਿਹਾ ਕਿ ਦੇਸ਼ ਦੀਆਂ ਸਰਹੱਦਾਂ ਦੀ ਰਾਖੀ ਕਰਨ ਵਾਲੇ ਅਤੇ ਦੇਸ਼ ਦੇ ਅੰਦਰ ਸ਼ਾਂਤੀ ਬਣਾਈ ਰੱਖਣ ਵਾਲੇ ਸੁਰੱਖਿਆ ਮੁਲਾਜ਼ਮ ਉਨ੍ਹਾਂ ਦੇ ਪਰਿਵਾਰ ਦੇ ਮੈਂਬਰ ਨੇ। ਪ੍ਰਧਾਨ ਮੰਤਰੀ ਨੇ ਕਿਹਾ ਕਿ ਉਹ ਦੇਸ਼ ਦੀ ਰੱਖਿਆ ਲਈ ਸਮਰਪਿਤ ਬਹਾਦਰ ਮਰਦਾਂ ਅਤੇ ਔਰਤਾਂ ਨਾਲ ਦਿਵਾਲੀ ਮਨਾਉਣ ਲਈ ਬਸਤਰ ਆਏ ਨੇ। ਸ਼੍ਰੀ ਮੋਦੀ ਨੇ ਕਿਹਾ ਕਿ ਬਸਤਰ ਜੋ ਕਦੇ ਨਕਸਲਵਾਦ ਤੋਂ ਪ੍ਰਭਾਵਿਤ ਸੀ ਹੁਣ ਸੁਰੱਖਿਆ ਮੁਲਾਜ਼ਮਾਂ ਦੀਆਂ ਕੁਰਬਾਨੀਆਂ ਅਤੇ ਸਮਰਪਣ ਸਦਕਾ ਸ਼ਾਂਤੀ ਅਤੇ ਵਿਕਾਸ ਦੇ ਨਵੇਂ ਯੁੱਗ ਦਾ ਗਵਾਹ ਬਣ ਰਿਹਾ ਹੈ।

ਪ੍ਰਧਾਨ ਮੰਤਰੀ ਨੇ ਦਿਵਾਲੀ ਨੂੰ ਵਿਸ਼ੇਸ਼ ਤੌਰ 'ਤੇ ਮਹੱਤਵਪੂਰਨ ਦੱਸਦਿਆਂ ਕਿਹਾ ਕਿ ਦੇਸ਼ ਨੇ ਨਕਸਲਵਾਦ ਅਤੇ ਮਾਓਵਾਦੀ ਹਿੰਸਾ ਵਿਰੁੱਧ ਦਹਾਕਿਆਂ ਤੋਂ ਚੱਲੀ ਆ ਰਹੀ ਲੜਾਈ 'ਚ ਵੱਡਾ ਮੀਲ ਪੱਥਰ ਹਾਸਲ ਕੀਤਾ ਏ। BYTE

ਪ੍ਰਧਾਨ ਮੰਤਰੀ ਨੇ ਅੱਗੇ ਕਿਹਾ ਕਿ ਉਨ੍ਹਾਂ ਨੇ ਸੁਰੱਖਿਆ ਬਲਾਂ ਦੇ ਅਨਮੋਲ ਯੋਗਦਾਨ ਨੂੰ ਮਾਨਤਾ ਦੇਣ ਲਈ ਉਨ੍ਹਾਂ ਨਾਲ ਤਿਹਾਰ ਮਨਾਉਣ ਦਾ ਫ਼ੈਸਲਾ ਕੀਤਾ ਏ।

ਦੇਸ਼ ਵਿਦੇਸ਼ ਵਿੱਚ ਰੌਸ਼ਨੀ ਦਾ ਤਿਉਹਾਰ ਦਿਵਾਲੀ ਪੂਰੇ ਉਤਸ਼ਾਹ ਨਾਲ ਮਨਾਇਆ ਜਾ ਰਿਹਾ ਹੈ। ਪੰਜਾਬ ਵਿੱਚ ਵੀ ਬੰਦੀ ਛੋੜ ਦਿਵਸ ਅਤੇ ਦਿਵਾਲੀ ਮੌਕੇ ਪੂਰੀ ਧਾਰਮਿਕ ਸ਼ਰਧਾ ਅਤੇ ਉਤਸ਼ਾਹ ਦੇਖਣ ਨੂੰ ਮਿਲ ਰਿਹਾ ਹੈ। *ਇੱਕ ਰਿਪੋਰਟ-*

ਰੋਸ਼ਨੀਆਂ ਦਾ ਤਿਉਹਾਰ ਦਿਵਾਲੀ ਅੱਜ ਧਾਰਮਿਕ ਉਤਸ਼ਾਹ ਅਤੇ ਖੁਸ਼ੀਆਂ ਨਾਲ ਮਨਾਇਆ ਜਾ ਰਿਹਾ ਹੈ। ਅਧਿਆਤਮਿਕ ਤੌਰ 'ਤੇ ਇਹ ਤਿਉਹਾਰ ਹਨੇਰੇ 'ਤੇ ਰੋਸ਼ਨੀ ਦੀ ਜਿੱਤ ਦਾ ਪ੍ਰਤੀਕ ਹੈ। ਇਸ ਦਿਨ ਭਗਵਾਨ ਸ਼੍ਰੀ ਰਾਮ 14 ਸਾਲ ਦਾ ਬਨਵਾਸ ਪੂਰਾ ਕਰਨ ਤੋਂ ਬਾਅਦ ਜਦੋਂ ਅਯੁੱਧਿਆ ਵਾਪਸ ਆਏ ਸਨ, ਤਾਂ ਅਯੁੱਧਿਆ ਵਾਸੀਆਂ ਨੇ ਉਨ੍ਹਾਂ ਦਾ ਸਵਾਗਤ ਕਰਨ ਲਈ ਦੀਪਮਾਲਾ ਕੀਤੀ ਸੀ। ਇਸ ਮੌਕੇ 'ਤੇ ਤਾਂਦੀ ਦੇਵੀ ਲਕਸ਼ਮੀ ਮਾਤਾ ਦੀ ਪੂਜਾ ਵੀ ਕੀਤੀ ਜਾਂਦੀ ਹੈ। ਦਿਵਾਲੀ ਨੂੰ ਸਿੱਖ, ਬੌਧੀ ਅਤੇ ਜੈਨ ਭਾਈਚਾਰੇ ਵੱਲੋਂ ਵੀ ਖ਼ਾਸ ਤੌਰ 'ਤੇ ਮਨਾਇਆ ਜਾਂਦਾ ਹੈ। ਸਿੱਖ ਭਾਈਚਾਰੇ ਵੱਲੋਂ ਇਸ ਨੂੰ ਬੰਦੀ ਛੋੜ ਦਿਵਸ ਵਜੋਂ ਮਨਾਇਆ ਜਾਂਦਾ ਹੈ। ਬੰਦੀ ਛੋੜ ਦਿਵਸ ਉਪਵਿੱਤਰ ਦਿਹਾੜਾ ਹੈ, ਜਦੋਂ ਛੇਵੇਂ ਪਾਤਸ਼ਾਹ ਸ਼੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਨੇ ਗਵਾਲੀਅਰ ਦੇ ਕਿਲੇ ਤੋਂ 52 ਹਿੰਦੂ ਰਾਜਿਆਂ ਨੂੰ ਕੈਦ ਤੋਂ ਛੁਡਾਇਆ ਸੀ। ਇਸ ਕਰਕੇ ਗੁਰੂ ਸਾਹਿਬ ਨੂੰ ਦਾਤਾ ਬੰਦੀ ਛੋੜ ਦੇ ਨਾਂ ਨਾਲ ਵੀ ਜਾਣਿਆ ਜਾਂਦਾ ਹੈ। ਦਿਵਾਲੀ ਦੇ ਤਿਉਹਾਰ ਮੌਕੇ ਜਿੱਥੇ ਲੋਕ ਆਪਣੇ ਅਜ਼ੀਜ਼ਾਂ ਨੂੰ ਮਿਲ ਕੇ ਖੁਸ਼ੀਆਂ ਵੰਡਦੇ ਨੇ, ਉੱਥੇ ਹੀ ਘਰਾਂ ਨੂੰ ਰੋਸ਼ਨੀਆਂ ਨਾਲ ਸਜਾਇਆ ਜਾਂਦਾ ਹੈ। ਜਲੰਧਰ ਤੋਂ ਆਕਾਸ਼ਵਾਣੀ ਖ਼ਬਰਾਂ ਲਈ ਮੈਂ ਕਾਜਲ।

ਰਾਸ਼ਟਰਪਤੀ ਦ੍ਰੌਪਦੀ ਮੁਰਮੂ ਨੇ ਵੀ ਦੇਸ਼ ਵਿਦੇਸ਼ ਵਿੱਚ ਰਹਿੰਦੇ ਭਾਰਤੀਆਂ ਨੂੰ ਦਿਵਾਲੀ ਦੀ ਵਧਾਈ ਦਿੱਤੀ ਏ। ਰਾਸ਼ਟਰਪਤੀ ਨੇ ਲੋਕਾਂ

ਨੂੰ ਚੁਗਿਰਤੇ ਦੀ ਰੱਖਿਆ ਕਰਨ, ਆਪਸੀ ਭਾਈਚਾਰਾ ਵਧਾਉਣ ਅਤੇ ਵਿਕਸਿਤ ਭਾਰਤ ਦੇ ਨਿਰਮਾਣ 'ਚ ਯੋਗਦਾਨ ਪਾਉਣ ਦੀ ਅਪੀਲ ਕੀਤੀ ਏ। ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਵੀ ਸੋਸ਼ਲ ਮੀਡੀਆ 'ਤੇ ਇੱਕ ਵੀਡੀਓ ਸੰਦੇਸ਼ ਜਾਰੀ ਕਰਕੇ ਦੇਸ਼ਵਾਸੀਆਂ ਨੂੰ ਦਿਵਾਲੀ ਦੀਆਂ ਸ਼ੁਭਕਾਮਨਾਵਾਂ ਦਿੱਤੀਆਂ। ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਵੀ ਸਾਰਿਆਂ ਨੂੰ ਦਿਵਾਲੀ ਅਤੇ ਬੰਦੀ ਛੋੜ ਦਿਵਸ ਉੱਤੇ ਸ਼ੁਭਕਾਮਨਾਵਾਂ ਦਿੱਤੀਆਂ ਨੇ। ਉਪ ਰਾਸ਼ਟਰਪਤੀ ਸੀਪੀ ਰਾਧਾਕ੍ਰਿਸ਼ਨਨ ਨੇ ਨਵੀਂ ਦਿੱਲੀ ਦੇ ਰਾਸ਼ਟਰਪਤੀ ਭਵਨ 'ਚ ਰਾਸ਼ਟਰਪਤੀ ਦ੍ਰੌਪਦੀ ਮੁਰਮੂ ਨਾਲ ਮੁਲਾਕਾਤ ਕੀਤੀ। ਇਸ ਮੌਕੇ ਉਨ੍ਹਾਂ ਨੇ ਦਿਵਾਲੀ ਦੀਆਂ ਸ਼ੁਭਕਾਮਨਾਵਾਂ ਦਾ ਵਟਾਂਦਰਾ ਕੀਤਾ।

ਰੱਖਿਆ ਮੰਤਰੀ ਰਾਜਨਾਥ ਸਿੰਘ ਨੇ ਅੱਜ ਸਿੱਕਮ ਦੇ ਨਾਥੁਲਾ ਨੇੜੇ ਸ਼ੇਰਥਾਂਗ ਜੰਗੀ ਯਾਰਗਾਰ 'ਚ ਫ਼ੌਜੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਇਹ ਯਾਦਗਾਰ ਦੇਸ਼ ਦੀ ਨੌਜਵਾਨ ਪੀੜ੍ਹੀ ਨੂੰ ਪ੍ਰੇਰਿਤ ਕਰਦੀ ਰਹੇਗੀ। ਉਨ੍ਹਾਂ ਨੇ ਇਲਾਕੇ 'ਚ ਤਾਇਨਾਤ ਫ਼ੌਜੀਆਂ ਨਾਲ ਦਿਵਾਲੀ ਮਨਾਈ ਅਤੇ ਕਿਹਾ ਕਿ ਦੇਸ਼ ਵਿੱਚ ਦਿਵਾਲੀ ਦੇ ਸ਼ਾਂਤੀਪੂਰਨ ਜਸ਼ਨ ਦਾ ਸਿਹਰਾ ਸਾਡੇ ਸੁਰੱਖਿਆ ਬਲਾਂ ਨੂੰ ਜਾਂਦਾ ਏ। ਸ਼੍ਰੀ ਸਿੰਘ ਨੇ ਕਿਹਾ ਕਿ ਸ਼ੇਰਥਾਂਗ ਜੰਗੀ

ਯਾਦਗਾਰ ਦੇਸ਼ ਲਈ ਸਰਬਉੱਚ ਕੁਰਬਾਨੀ ਦੇਣ ਵਾਲੇ ਸ਼ਹੀਦਾਂ ਅਤੇ ਬਹਾਦਰ ਫ਼ੌਜੀਆਂ ਨੂੰ ਸੱਚੀ ਸ਼ਰਧਾਂਜਲੀ ਏ।

ਭਾਰਤੀ ਜਨਤਾ ਪਾਰਟੀ ਦੇ ਪ੍ਰਧਾਨ ਨਿਤਿਨ ਨਬੀਨ ਨੇ ਅੱਜ ਨਵੀਂ ਦਿੱਲੀ ਸਥਿਤ ਪਾਰਟੀ صدر ਮੁਕਾਮ 'ਚ ਸੀਨੀਅਰ ਪਾਰਟੀ ਨੇਤਾ ਅਤੇ ਭਾਰਤ ਰਤਨ ਲਾਲ ਕ੍ਰਿਸ਼ਨ ਅਡਵਾਨੀ ਦੀ 100ਵੀਂ ਜਯੰਤੀ ਦੇ ਮੌਕੇ 'ਤੇ ਕਰਵਾਏ ਗਏ ਪ੍ਰੋਗਰਾਮ 'ਚ ਸ਼ਿਰਕਤ ਕੀਤੀ। ਉਨ੍ਹਾਂ ਕਿਹਾ ਕਿ ਰਾਜਨੀਤੀ 'ਚ ਮਾਣ, ਇਮਾਨਦਾਰੀ ਅਤੇ ਸੰਵੇਦਨਸ਼ੀਲਤਾ ਵਰਗੇ ਮੁੱਲ ਜ਼ਰੂਰੀ ਹਨ ਅਤੇ ਨੌਜਵਾਨ ਪੀੜ੍ਹੀ ਨੂੰ ਸ਼੍ਰੀ ਅਡਵਾਨੀ ਦੀ ਸ਼ਖ਼ਸੀਅਤ ਅਤੇ ਜੀਵਨ ਤੋਂ ਪ੍ਰੇਰਣਾ ਲੈਣੀ ਚਾਹੀਦੀ ਏ। ਸ਼੍ਰੀ ਨਬੀਨ ਨੇ ਕਿਹਾ ਕਿ ਰਾਸ਼ਟਰ ਨੂੰ ਪਹਿਲਾਂ ਰੱਖਣ ਦੇ ਅਹਿਦ ਨਾਲ ਸ਼੍ਰੀ ਅਡਵਾਨੀ ਨੇ ਦੇਸ਼ ਨੂੰ ਅੱਗੇ ਵਧਾਉਣ ਦੀ ਕੋਸ਼ਿਸ਼ ਕੀਤੀ ਅਤੇ ਅਟਲ ਬਿਹਾਰੀ ਵਾਜਪਾਈ ਅਤੇ ਲਾਲ ਕ੍ਰਿਸ਼ਨ ਅਡਵਾਨੀ ਦੀ ਦ੍ਰਿੜਤਾ, ਸਮਰਪਣ ਅਤੇ ਅਗਵਾਈ ਸਦਕਾ ਭਾਜਪਾ ਦੇਸ਼ ਭਰ ਵਿੱਚ ਫੈਲ ਗਈ। ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਇਸ ਯਾਤਰਾ ਨੂੰ ਅੱਗੇ ਵਧਾ ਰਹੇ ਨੇ।

ਅਮਰੀਕਾ ਨੇ ਈਰਾਨ ਨੂੰ ਅੱਤ ਆਧੁਨਿਕ ਹਥਿਆਰਾਂ ਦੀ ਸਪਲਾਈ ਰੋਕਣ ਲਈ ਨਵੀਂ ਟਾਸਕ ਫੋਰਸ, ਟਾਸਕ ਫੋਰਸ ਆਇਰਨ ਗੇਟ ਬਣਾਈ

ਏ। ਅਮਰੀਕੀ ਕੇਂਦਰੀ ਕਮਾਂਡ ਮੁਤਾਬਕ ਇਸ ਟਾਸਕ ਫੋਰਸ ਵਿੱਚ 20 ਫ਼ੌਜੀ ਅਤੇ ਨਾਗਰਿਕ ਕਰਮਚਾਰੀ ਸ਼ਾਮਲ ਹੋਣਗੇ। ਇਸ ਦਾ ਮੁੱਖ ਦਫ਼ਤਰ ਟੈਂਪਾ, ਫਲੋਰਿਡਾ 'ਚ ਹੋਏਗਾ। ਇਹ ਟੀਮ ਈਰਾਨ ਦੀਆਂ ਸਰਹੱਦਾਂ ਅਤੇ ਕੈਸਪੀਅਨ ਸਾਗਰ ਰਾਹੀਂ ਹਥਿਆਰਾਂ, ਫ਼ੌਜੀ ਟੈਕਨਾਲੋਜੀ ਅਤੇ ਤਸਕਰੀ ਨੂੰ ਰੋਕਣ ਲਈ ਕੰਮ ਕਰੇਗੀ।

ਮਰਦਾਂ ਦੇ ਕ੍ਰਿਕੇਟ ਵਿੱਚ ਭਾਰਤ ਅਤੇ ਪਾਕਿਸਤਾਨ ਦਰਮਿਆਨ ਅੱਜ ਓਮਾਨ 'ਚ ਏਸੀਸੀ ਅੰਡਰ 19 ਏਸ਼ੀਆ ਕੱਪ ਦੇ ਗਰੁੱਪ ਏ ਦਾ ਮੈਚ ਜਾਰੀ ਏ। ਭਾਰਤ ਨੇ ਟਾਸ ਜਿੱਤ ਕੇ ਪਾਕਿਸਤਾਨ ਨੂੰ ਪਹਿਲਾਂ ਬੱਲੇਬਾਜ਼ੀ ਕਰਨ ਲਈ ਕਿਹਾ। ਇਹ ਮਹੱਤਵਪੂਰਨ ਮੈਚ ਇਹ ਫ਼ੈਸਲਾ ਕਰੇਗਾ ਕਿ ਸੈਮੀਫਾਈਨਲ ਦੇ ਨੇੜੇ ਜਾਣ ਲਈ ਉਨ੍ਹਾਂ ਦੇ ਗਰੁੱਪ ਵਿੱਚ ਕੌਣ ਸਿਖਰਲਾ ਸਥਾਨ ਪ੍ਰਾਪਤ ਕਰੇਗਾ।

ਭਾਰਤੀ ਵੈਸ਼ਨਵੀ ਆਤਕਰ ਅਤੇ ਰਿਤੁਜਾ ਭੋਂਸਲੇ ਅੱਜ ਚੇਨਈ ਓਪਨ ਟੈਨਿਸ ਟੂਰਨਾਮੈਂਟ ਦੇ ਔਰਤਾਂ ਦੇ ਡਬਲਜ਼ ਦੇ ਫ਼ਾਈਨਲ 'ਚ ਸਵਿਟਜ਼ਰਲੈਂਡ ਦੀ ਨਾਇਮਾ ਕਰਾਮੋਕੋ ਅਤੇ ਸਿਮੋਨਾ ਵਾਲਟਰੇਟ ਖ਼ਿਲਾਫ਼ ਮੈਦਾਨ 'ਚ ਉੱਤਰਣਗੀਆਂ। ਇਹ ਮੈਚ ਸ਼ਾਮ 4:00 ਵਜੇ ਸ਼ੁਰੂ

ਹੋਏਗਾ। ਇਹ ਪਹਿਲੀ ਵਾਰ ਏ ਜਦੋਂ ਕੋਈ ਭਾਰਤੀ ਜੋੜੀ ਇਸ ਟੂਰਨਾਮੈਂਟ ਦੇ ਫ਼ਾਈਨਲ 'ਚ ਪਹੁੰਚੀ ਏ। ਵੈਸ਼ਨਵੀ ਅਤੇ ਰਿਤੁਜਾ ਨੇ ਕੱਲ੍ਹ ਸੈਮੀਫਾਈਨਲ 'ਚ ਵੇਰੇਨਿਕਾ ਫ਼ਾਲਕੋਵਸਕਾ ਅਤੇ ਅਲਾਨਾ ਸਮਿਥ ਦੀ ਜੋੜੀ ਨੂੰ ਹਰਾਇਆ।

ਪੋਲੈਂਡ ਦੇ ਕ੍ਰਾਕੋਵ ਸ਼ਹਿਰ 'ਚ ਕੱਲ੍ਹ ਹੋਈ ਗੋਲੀਬਾਰੀ 'ਚ ਛੇ ਲੋਕ ਮਾਰੇ ਗਏ ਅਤੇ 15 ਜ਼ਖ਼ਮੀ ਹੋ ਗਏ। ਪੁਲਿਸ ਦਾ ਕਹਿਣਾ ਏ ਕਿ ਹਮਲਾਵਰ ਨੇ ਸ਼ਹਿਰ ਦੇ ਮੁੱਖ ਬਾਜ਼ਾਰ ਮੇਨ ਸਕੁਏਅਰ 'ਚ ਲੋਕਾਂ ਉੱਤੇ ਅੰਨ੍ਹੇਵਾਹ ਗੋਲੀਆਂ ਚਲਾਈਆਂ। ਜ਼ਖ਼ਮੀਆਂ ਵਿੱਚ ਪੁਲਿਸ ਅਧਿਕਾਰੀ ਵੀ ਸ਼ਾਮਲ ਨੇ।

ਨਿਊਜ਼ੀਲੈਂਡ ਦੀਆਂ ਆਮ ਚੋਣਾਂ 'ਚ ਇੱਕ ਅੜਿੱਕੇ ਨਾਲ ਖ਼ਤਮ ਹੋ ਗਈਆਂ ਨੇ। ਨਾ ਤਾਂ ਸੱਤਾਧਾਰੀ ਪਾਰਟੀ ਨਾ ਹੀ ਨੈਸ਼ਨਲ ਪਾਰਟੀ ਅਤੇ ਨਾ ਹੀ ਵਿਰੋਧੀ ਲੇਬਰ ਪਾਰਟੀ ਨੂੰ ਸਪੱਸ਼ਟ ਬਹੁਮਤ ਪ੍ਰਾਪਤ ਹੋਇਆ ਏ, ਜਿਸ ਨਾਲ ਦੇਸ਼ ਦਾ ਅਗਲਾ ਪ੍ਰਧਾਨ ਮੰਤਰੀ ਗੱਠਜੋੜ ਬਾਰੇ ਗੱਲਬਾਤ 'ਤੇ ਨਿਰਭਰ ਰਹੇਗਾ।

ਪ੍ਰਧਾਨ ਮੰਤਰੀ ਕ੍ਰਿਸਟੋਫਰ ਲਕਸਨ ਦੀ ਨੈਸ਼ਨਲ ਪਾਰਟੀ ਅਤੇ ਕ੍ਰਿਸ ਹਿਪਕਿਨਜ਼ ਦੀ ਅਗਵਾਈ ਵਾਲੀ ਲੇਬਰ ਪਾਰਟੀ ਨੂੰ ਚਟਕਾ ਲੱਗਾ ਕਿਉਂਕਿ ਵੋਟਰਾਂ ਨੇ ਛੋਟੀਆਂ ਪਾਰਟੀਆਂ ਵੱਲ ਹਮਾਇਤ ਦਿਖਾਈ ਏ। ਰਾਜਨੀਤਿਕ ਤੌਰ 'ਤੇ ਨਵੇਂ ਆਈਕਿਊ ਲਈ ਰੂਹ ਦੀ ਅਗਵਾਈ ਵਾਲੀ ਨਵੀਂ ਉੱਤਰੀ ਅਪਰਚੁਨਿਟੀ ਪਾਰਟੀ ਨੇ ਸੱਤ ਸੀਟਾਂ ਪ੍ਰਾਪਤ ਕੀਤੀਆਂ, ਜਿਸ ਨਾਲ ਇਸ ਨੂੰ ਸਰਕਾਰ ਦੇ ਗਠਨ 'ਚ ਸੰਭਾਵਿਤ ਤੌਰ 'ਤੇ ਫ਼ੈਸਲਾਕੁੰਨ ਭੂਮਿਕਾ ਮਿਲੀ ਏ। ਵੇਂਗ ਨੇ ਕਿਹਾ ਕਿ ਉਸ ਦੀ ਪਾਰਟੀ ਕਿਸੇ ਵੀ ਰਾਜਨੀਤਿਕ ਸਮੂਹ ਨਾਲ ਕੰਮ ਕਰਨ ਲਈ ਖੁੱਲ੍ਹੀ ਏ, ਜਦੋਂ ਕਿ ਸ਼ਾਸਨ ਲਈ ਇੱਕ ਮੱਧਵਰਗੀ ਤੱਥ ਦਾ ਰਸਤਾ ਪਹੁੰਚਦਾ ਵਾਅਦਾ ਕੀਤਾ ਗਿਆ ਏ।

ਅਖ਼ਿਰ ਵਿੱਚ ਖ਼ਾਸ ਖ਼ਬਰਾਂ ਇੱਕ ਵਾਰ ਫਿਰ ਸੁਣ ਲਓ-

- ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਛੱਤੀਸਗੜ੍ਹ ਦੇ ਬਸਤਰ 'ਚ ਸੁਰੱਖਿਆ ਬਲਾਂ ਨਾਲ ਦਿਵਾਲੀ ਮਨਾਈ ਅਤੇ ਉਨ੍ਹਾਂ ਨੂੰ ਆਪਣੇ ਪਰਿਵਾਰ ਦੇ ਮੈਂਬਰ ਦੱਸਿਆ।

- ਪੰਜਾਬ ਸਮੇਤ ਦੇਸ਼ ਭਰ ਵਿੱਚ ਰੋਸ਼ਨੀ ਦਾ ਤਿਉਹਾਰ ਦਿਵਾਲੀ ਅਤੇ ਬੰਦੀ ਛੋੜ ਦਿਵਸ ਅੱਜ ਪੂਰੀ ਧਾਰਮਿਕ ਸ਼ਰਧਾ ਅਤੇ ਉਤਸ਼ਾਹ ਨਾਲ ਮਨਾਏ ਜਾ ਰਹੇ ਨੇ।
- ਰੱਖਿਆ ਮੰਤਰੀ ਰਾਜਨਾਥ ਸਿੰਘ ਨੇ ਸਿੱਕਮ ਦੇ ਨਾਥੁਲਾ ਨੇੜੇ ਸ਼ੇਰਥਾਂਗ ਜੰਗੀ ਯਾਰਗਾਰ 'ਚ ਫ਼ੌਜੀਆਂ ਨੂੰ ਸੰਬੋਧਨ ਕੀਤਾ।
- ਅਮਰੀਕਾ ਨੇ ਈਰਾਨ ਨੂੰ ਅੱਤ ਆਧੁਨਿਕ ਹਥਿਆਰਾਂ ਦੀ ਸਪਲਾਈ ਰੋਕਣ ਲਈ ਨਵੀਂ ਟਾਸਕ ਫੋਰਸ ਬਣਾਈ ਅਤੇ
- ਮਰਦਾਂ ਦੀ ਕ੍ਰਿਕੇਟ ਵਿੱਚ ਭਾਰਤ ਤੇ ਪਾਕਿਸਤਾਨ ਵਿਚਕਾਰ ਏਸੀਸੀ ਅੰਡਰ 19 ਏਸ਼ੀਆ ਕੱਪ ਦੇ ਗਰੁੱਪ ਏ ਦਾ ਮੈਚ ਜਾਰੀ ਏ।

ਇਸ ਦੇ ਨਾਲ ਹੀ ਸਾਡਾ ਇਹ ਬੁਲੇਟਿਨ ਖ਼ਤਮ ਹੁੰਦਾ ਏ, ਸਾਡਾ ਅਗਲਾ ਪ੍ਰਾਦੇਸ਼ਿਕ ਬੁਲੇਟਿਨ ਸ਼ਾਮ 6:20 ਮਿੰਟ 'ਤੇ ਹੋਏਗਾ। ਨਮਸਕਾਰ।